ਨੰ: 2/85/09-2ਸਿ3/12-58

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਡੀ.ਵੀ.ਐਮ. ਪਬਲਿਕ ਸਕੂਲ, ਸਾਦਿਕ
ਜਿਲ੍ਹਾ ਫਰੀਦਕੋਟ।

ਮਿਤੀ,ਚੰਡੀਗੜ੍ਹ

ਵਿਸ਼ਾ:- ਡੀ.ਵੀ.ਐਮ. ਪਬਲਿਕ ਸਕੂਲ, ਸਾਦਿਕ ਜਿਲ੍ਹਾ ਫਰੀਦਕੋਟ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਫਰੀਦਕੋਟ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਦੀਆਂ ਸ਼ਿਫਾਰਸਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸਿਕਾਇਤ /ਇੰਸ਼ਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ

ਚਲਦਾ ਪੰਨਾ/2

ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3 ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4 ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਜਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

----

ਪਿੱਠ ਅੰਕਣ ਨੰ: 2/85/09-2ਸਿ3/ ਮਿਤੀ,ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ), ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/6-2009 ਗ੍ਰਾਂਟ 1(1) ਮਿਤੀ 25-6-09 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸ਼ਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸ਼ਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. ਡੀ.ਵੀ.ਐਮ. ਪਬਲਿਕ ਸਕੂਲ, ਸਾਦਿਕ ਜਿਲ੍ਹਾ ਫਰੀਦਕੋਟ ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

(ਨੱਥੀ ਮਿਸਲ)

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

No. 2/85/09-2C/1250
**Punjab Government**
**Education Department**
**(Education-3 Branch)**

To
The Principal,
D.V.M. Public School, Sadiq
Distt Sadiq.

**Sub:- D.V.M. Public School, Sadiq, Regarding issuance of no objection certificate for affiliation with CBSE New Delhi.**

Sir,

1. With reference to regarding above-mentioned subject.
2. Punjab Government issues no objection certificate after thoroughly examining the documents including affidavit recommendation of D.E.O. Faridkot and D.P.I. private aided school submitted by your management on following.
   1. If this fact, is revealed in future on the basis of any compaint/inspection that application for or securing no objection certificate is submitted on basis incorrect information and instruction issued by Punjab Government from time to time have not been compiled with and in this way written condition undertaking in the affidavit were also not followed in this eventventuality no objection certificate can be drawn with at any time.
   2. Teaching of Punjabi upto matric standard shall be compulsory in your school and C.B.S.E. shall endure to hold examination in Punjab in all such school failing which no objection certificate shall be with drawn at once.
   3. School management shall duty bound to pay to their teaching staff and non-teaching staff their salary and other allowances equal to Govt. Employees after securing C.B.S.E. affiliation, Falling which no objection certificate shall be immediately with drawn.
   4. You yourself and your management shall make it certain that any information sought by D.E.O. of your Distt. Or by any other senior Officer of Education department 'at ant time shall be applied to them co-operation.

NOTARY Govt. of India 25/12/09

Endorsement No. 2/85/09-2C/1250

Signed
Joint Secretary Education
Dated: Chandigarh

Copy to Director Education Department Private aid (School), Chandigarh. vide memo no.15/6-2009-G-1(1) dated 25-06-09 with request to get the inspection of above school conducted at least one's in five year and inspection report there of be sent to Punjab Govt. to ensure that said school has been complying with the inspection issued by the Punjab Govt. in verbatim or not.

Sd./-
Joint
Secretary
Education

Certified that this is a true and correct English translation of a certificate written in Punjabi.

NOTARY
25/12/09

Principal
D.V.M. Public School
SADIQ (Faridkot)